ਗਉੜੀ ਗੁਆਰੇਰੀ ਮਹਲਾ ੫ ॥ ਨੈਨਹੁ ਨੀਦ ਪਰ ਦ੍ਰਿਸਟਿ ਵਿਕਾਰ ॥ ਸ੍ਰਵਣ ਸੋਏ ਸੁਣਿ ਨਿੰਦ ਵੀਚਾਰ ॥ ਰਸਨਾ ਸੋਈ ਲੋਭਿ ਮੀਠੈ ਸਾਦਿ ॥ ਮਨੁ ਸੋਇਆ ਮਾਇਆ ਬਿਸਮਾਦਿ ॥੧॥ ਇਸੁ ਗ੍ਰਿਹ ਮਹਿ ਕੋਈ ਜਾਗਤੁ ਰਹੈ ॥ ਸਾਬਤੁ ਵਸਤੁ ਓਹੁ ਅਪਨੀ ਲਹੈ ॥੧॥ ਰਹਾਉ ॥ ਸਗਲ ਸਹੇਲੀ ਅਪਨੈ ਰਸ ਮਾਤੀ ॥ ਗ੍ਰਿਹ ਅਪੁਨੇ ਕੀ ਖਬਰਿ ਨ ਜਾਤੀ ॥ ਮੁਸਨਹਾਰ ਪੰਚ ਬਟਵਾਰੇ ॥ ਸੂਨੇ ਨਗਰਿ ਪਰੇ ਠਗਹਾਰੇ ॥੨॥ ਉਨ ਤੇ ਰਾਖੈ ਬਾਪੁ ਨ ਮਾਈ ॥ ਉਨ ਤੇ ਰਾਖੈ ਮੀਤੁ ਨ ਭਾਈ ॥ ਦਰਬਿ ਸਿਆਣਪ ਨਾ ਓਇ ਰਹਤੇ ॥ ਸਾਧਸੰਗਿ ਓਇ ਦੁਸਟ ਵਸਿ ਹੋਤੇ ॥੩॥ ਕਰਿ ਕਿਰਪਾ ਮੋਹਿ ਸਾਰਿੰਗਪਾਣਿ ॥ ਸੰਤਨ ਧੂਰਿ ਸਰਬ ਨਿਧਾਨ ॥ ਸਾਬਤੁ ਪੂੰਜੀ ਸਤਿਗੁਰ ਸੰਗਿ ॥ ਨਾਨਕੁ ਜਾਗੈ ਪਾਰਬ੍ਰਹਮ ਕੈ ਰੰਗਿ ॥੪॥ ਸੋ ਜਾਗੈ ਜਿਸੁ ਪ੍ਰਭੁ ਕਿਰਪਾਲੁ ॥ ਇਹ ਪੂੰਜੀ ਸਾਬਤੁ ਧਨੁ ਮਾਲੁ ॥੧॥ ਰਹਾਉ ਦੂਜਾ ॥੨੦॥੮੯॥ {ਪੰਨਾ 182}

ਪਦਅਰਥ:- ਨੈਨਹੁ—ਅੱਖਾਂ ਵਿਚ। ਦ੍ਰਿਸ਼ਟ—ਨਜ਼ਰ, ਨਿਗਾਹ। ਸ੍ਰਵਣ—ਕੰਨ। ਸੁਣਿ—ਸੁਣ ਕੇ। ਰਸਨਾ—ਜੀਭ। ਲੋਭਿ—ਲੋਭ ਵਿਚ। ਸਾਦਿ—ਸੁਆਦ ਵਿਚ। ਬਿਸਮਾਦਿ—ਅਸਚਰਜ ਤਮਾਸ਼ੇ ਵਿਚ।1।

ਗ੍ਰਿਹ ਮਹਿ—ਸਰੀਰ-ਘਰ ਵਿਚ। ਕੋਈ—ਕੋਈ ਵਿਰਲਾ। ਸਾਬਤੁ—ਸਾਰੀ ਦੀ ਸਾਰੀ। ਵਸਤੁ—ਆਤਮਕ ਜੀਵਨ ਦੀ ਪੂੰਜੀ। ਲਹੈ—ਲੱਭ ਲੈਂਦਾ ਹੈ।1। ਰਹਾਉ।

ਸਹੇਲੀ—ਗਿਆਨ-ਇੰਦ੍ਰੇ। ਮਾਤੀ—ਮਸਤ। ਜਾਤੀ—ਜਾਣੀ, ਸਮਝੀ। ਮੁਸਨਹਾਰ—ਠੱਗਣ ਵਾਲੇ। ਬਟਵਾਰੇ—ਡਾਕੂ। ਸੂਨੇ ਨਗਰਿ—ਸੁੰਞੇ ਸ਼ਹਰ ਵਿਚ। ਪਰੇ—ਹੱਲਾ ਕਰ ਕੇ ਆ ਪਏ।2।

ਤੇ—ਤੋਂ। ਰਾਖੈ—ਬਚਾ ਸਕਦਾ। ਦਰਬਿ—ਧਨ ਨਾਲ। ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ}। ਵਸਿ—ਕਾਬੂ ਵਿਚ।3।

ਮੋਹਿ—ਮੈਨੂੰ, ਮੇਰੇ ਉਤੇ। ਸਾਰਿੰਗ—ਧਨੁਖ। ਪਾਣਿ—ਹੱਥ। ਸਾਰਿੰਗਪਾਣਿ—ਹੇ ਧਨੁਖ-ਧਾਰੀ ਪ੍ਰਭੂ! ਨਿਧਾਨ—ਖ਼ਜ਼ਾਨੇ। ਪੂੰਜੀ—ਆਤਮਕ ਜੀਵਨ ਦੀ ਰਾਸਿ। ਰੰਗਿ—ਪ੍ਰੇਮ ਵਿਚ।4।

ਅਰਥ:- (ਹੇ ਭਾਈ!) ਇਸ ਸਰੀਰ-ਘਰ ਵਿਚ ਕੋਈ ਵਿਰਲਾ ਮਨੁੱਖ ਸੁਚੇਤ ਰਹਿੰਦਾ ਹੈ (ਜੇਹੜਾ ਸੁਚੇਤ ਰਹਿੰਦਾ ਹੈ) ਉਹ ਆਪਣੀ ਆਤਮਕ ਜੀਵਨ ਦੀ ਸਾਰੀ ਦੀ ਸਾਰੀ ਰਾਸਿ-ਪੂੰਜੀ ਸਾਂਭ ਲੈਂਦਾ ਹੈ।1। ਰਹਾਉ।

ਪਰਾਏ ਰੂਪ ਨੂੰ ਵਿਕਾਰ ਦੀ ਨਿਗਾਹ ਨਾਲ ਵੇਖਣਾ—ਇਹ ਅੱਖਾਂ ਵਿਚ ਨੀਂਦ ਆ ਰਹੀ ਹੈ। ਹੋਰਨਾਂ ਦੀ ਨਿੰਦਿਆ ਦੀ ਵਿਚਾਰ ਸੁਣ ਸੁਣ ਕੇ ਕੰਨ ਸੁੱਤੇ ਰਹਿੰਦੇ ਹਨ। ਜੀਭ ਖਾਣ ਦੇ ਲੋਭ ਵਿਚ ਪਦਾਰਥਾਂ ਦੇ ਮਿੱਠੇ ਸੁਆਦ ਵਿਚ ਸੁੱਤੀ ਰਹਿੰਦੀ ਹੈ। ਮਨ ਮਾਇਆ ਦੇ ਅਸਚਰਜ ਤਮਾਸ਼ੇ ਵਿਚ ਸੁੱਤਾ ਰਹਿੰਦਾ ਹੈ।1।

ਸਾਰੇ ਗਿਆਨ-ਇੰਦ੍ਰੇ ਆਪੋ ਆਪਣੇ ਚਸਕੇ ਵਿਚ ਮਸਤ ਰਹਿੰਦੇ ਹਨ ਆਪਣੇ ਸਰੀਰ-ਘਰ ਵਿਚ ਇਹ ਸੂਝ ਨਹੀਂ ਰੱਖਦੇ। ਠੱਗਣ ਵਾਲੇ ਪੰਜੇ ਡਾਕੂ ਸੁੰਵੇ (ਸਰੀਰ-) ਘਰ ਵਿਚ ਆ ਹੱਲਾ ਬੋਲਦੇ ਹਨ।2।

ਉਹਨਾਂ (ਪੰਜਾਂ ਡਾਕੂਆਂ ਤੋਂ) ਨਾਹ ਪਿਉ ਬਚਾ ਸਕਦਾ ਹੈ, ਨਾਹ ਮਾਂ ਬਚਾ ਸਕਦੀ ਹੈ। ਉਹਨਾਂ ਤੋਂ ਨਾਂਹ ਕੋਈ ਮਿੱਤਰ ਬਚਾ ਸਕਦਾ ਹੈ, ਨਾਂਹ ਕੋਈ ਭਰਾ ਬਚਾ ਸਕਦਾ ਹੈ। ਉਹ ਪੰਜੇ ਡਾਕੂ ਨਾਹ ਧਨ ਨਾਲ ਵਰਜੇ ਜਾ ਸਕਦੇ ਹਨ, ਨਾਹ ਚਤੁਰਾਈ ਨਾਲ ਵਰਜੇ ਜਾ ਸਕਦੇ ਹਨ। ਉਹ ਪੰਜੇ ਦੁਸ਼ਟ ਸਿਰਫ਼ ਸਾਧ ਸੰਗਤਿ ਵਿਚ ਰਿਹਾਂ ਹੀ ਕਾਬੂ ਵਿਚ ਆਉਂਦੇ ਹਨ।3।

ਹੇ ਧਨੁਖ-ਧਾਰੀ ਪ੍ਰਭੂ! ਮੇਰੇ ਉਤੇ ਕਿਰਪਾ ਕਰ। ਮੈਨੂੰ ਸੰਤਾਂ ਦੇ ਚਰਨਾਂ ਦੀ ਧੂੜ ਦੇਹ, ਏਹੀ ਮੇਰੇ ਵਾਸਤੇ ਸਾਰੇ ਖ਼ਜ਼ਾਨੇ ਹਨ। ਗੁਰੂ ਦੀ ਸੰਗਤਿ ਵਿਚ ਰਿਹਾਂ ਆਤਮਕ ਜੀਵਨ ਦਾ ਸਰਮਾਇਆ ਸਾਰੇ ਦਾ ਸਾਰਾ ਬਚਿਆ ਰਹਿ ਸਕਦਾ ਹੈ। (ਪਰਮਾਤਮਾ ਦਾ ਸੇਵਕ) ਨਾਨਕ ਪਰਮਾਤਮਾ ਦੇ ਪਰੇਮ-ਰੰਗ ਵਿਚ ਰਹਿ ਕੇ ਹੀ ਸੁਚੇਤ ਰਹਿ ਸਕਦਾ ਹੈ (ਤੇ ਪੰਜਾਂ ਦੇ ਹੱਲਿਆਂ ਤੋਂ ਬਚ ਸਕਦਾ ਹੈ)।4।

(ਹੇ ਭਾਈ! ਕਾਮਾਦਿਕ ਪੰਜਾਂ ਡਾਕੂਆਂ ਦੇ ਹੱਲਿਆਂ ਵਲੋਂ) ਓਹੀ ਮਨੁੱਖ ਸੁਚੇਤ ਰਹਿੰਦਾ ਹੈ, ਜਿਸ ਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ। ਉਸਦੀ ਆਤਮਕ ਜੀਵਨ ਦੀ ਇਹ ਰਾਸਿ-ਪੂੰਜੀ ਸਾਰੀ ਦੀ ਸਾਰੀ ਬਚੀ ਰਹਿੰਦੀ ਹੈ, ਉਸਦੇ ਪਾਸ ਪ੍ਰਭੂ ਦਾ ਨਾਮ-ਧਨ ਸਰਮਾਇਆ ਬਚਿਆ ਰਹਿੰਦਾ ਹੈ।1। ਰਹਾਉ ਦੂਜਾ। 20। 89।